ਰਾਮਕਲੀ ਮਹਲਾ ੫ ॥ ਗਊ ਕਉ ਚਾਰੇ ਸਾਰਦੂਲੁ ॥ ਕਉਡੀ ਕਾ ਲ ਖ ਹੂਆ ਮੂਲੁ ॥ ਬਕਰੀ ਕਉ ਹਸਤੀ ਪ੍ਰਤਿਪਾਲੇ ॥ ਅਪਨਾ ਪ੍ਰਭੁ ਨਦਰਿ ਨਿਹਾਲੇ ॥੧॥ ਕ੍ਰਿਪਾ ਨਿਧਾਨ ਪ੍ਰੀਤਮ ਪ੍ਰਭ ਮੇਰੇ ॥ ਬਰਨਿ ਨ ਸਾਕਉ ਬਹੁ ਗੁਨ ਤੇਰੇ ॥੧॥ ਰਹਾਉ ॥ ਦੀਸਤ ਮਾਸੁ ਨ ਖਾਇ ਬਿਲਾਈ ॥ ਮਹਾ ਕਸਾਬਿ ਛੁਰੀ ਸਟਿ ਪਾਈ ॥ ਕਰਣਹਾਰ ਪ੍ਰਭੁ ਹਿਰਦੈ ਵੂਠਾ ॥ ਫਾਥੀ ਮਛੁਲੀ ਕਾ ਜਾਲਾ ਤੂਟਾ ॥ ੨॥ ਸੂਕੇ ਕਾਸਟ ਹਰੇ ਚਲੂਲ ॥ ਊਚੈ ਥਲਿ ਫੂਲੇ ਕਮਲ ਅਨੂਪ ॥ ਅਗਨਿ ਨਿਵਾਰੀ ਸਤਿਗੁਰ ਦੇਵ ॥ ਸੇਵਕੁ ਅਪਨੀ ਲਾਇਓ ਸੇਵ ॥੩॥ ਅਕਿਰਤਘਣਾ ਕਾ ਕਰੇ ਉਧਾਰੁ ॥ ਪ੍ਰਭੁ ਮੇਰਾ ਹੈ ਸਦਾ ਦਇਆਰੁ ॥ ਸੰਤ ਜਨਾ ਕਾ ਸਦਾ ਸਹਾਈ ॥ ਚਰਨ ਕਮਲ ਨਾਨਕ ਸਰਣਾਈ ॥੪॥੩੯॥੫੦॥ {ਪੰਨਾ 898}

ਪਦਅਰਥ:- ਗਊ—ਗਿਆਨ-ਇੰਦ੍ਰੇ। ਕਉ—ਨੂੰ। ਚਾਰੇ—ਚਾਰਦਾ ਹੈ, ਵੱਸ ਵਿਚ ਰੱਖਦਾ ਹੈ। ਸਾਰਦੂਲੁ—ਸ਼ੇਰ, ਵਿਕਾਰਾਂ ਦੇ ਭਾਰ ਹੇਠੋਂ ਨਿਕਲ ਕੇ ਬਲਵਾਨ ਹੋ ਚੁਕਾ ਮਨ। ਮੂਲੁ—ਮੁੱਲ, ਕੀਮਤ। ਬਕਰੀ—ਗਰੀਬੀ-ਸੁਭਾਉ। ਹਸਤੀ—ਹਾਥੀ, ਜੋ ਮਨ ਪਹਿਲਾਂ ਅਹੰਕਾਰੀ ਸੀ। ਨਦਰਿ—ਮਿਹਰ ਦੀ ਨਿਗਾਹ। ਨਿਹਾਲੇ—ਤੱਕਦਾ ਹੈ, ਵੇਖਦਾ ਹੈ।1।

ਨਿਧਾਨ—ਖ਼ਜ਼ਾਨਾ। ਕ੍ਰਿਪਾ ਨਿਧਾਨ—ਹੇ ਦਇਆ ਦੇ ਖ਼ਜ਼ਾਨੇ! ਪ੍ਰਭ—ਹੇ ਪ੍ਰਭੂ! ਬਰਨਿ ਨ ਸਾਕਉ—{ਸਾਕਉਂ} ਮੈਂ ਬਿਆਨ ਨਹੀਂ ਕਰ ਸਕਦਾ।1। ਰਹਾਉ।

ਦੀਸਤ—(ਸਾਹਮਣੇ) ਦਿੱਸ ਰਿਹਾ। ਬਿਲਾਈ—ਬਿੱਲੀ, ਮਨ ਦੀ ਤ੍ਰਿਸ਼ਨਾ। ਕਸਾਬਿ—ਕਸਾਬ ਨੇ, ਕਸਾਈ ਨੇ, ਨਿਰਦਈ ਮਨ ਨੇ। ਸਟਿ ਪਾਈ—ਹੱਥੋਂ ਸੁੱਟ ਦਿੱਤੀ ਹੈ। ਕਰਣਹਾਰ ਪ੍ਰਭੁ—ਸਭ ਤਰ੍ਹਾਂ ਦੀ ਸਮਰੱਥਾ ਰੱਖਣ ਵਾਲਾ ਪ੍ਰਭੂ। ਹਿਰਦੈ—ਹਿਰਦੇ ਵਿਚ। ਵੂਠਾ—ਆ ਵੱਸਿਆ। ਫਾਥੀ—ਫਸੀ ਹੋਈ।2।

ਕਾਸਟ—ਕਾਠ। ਹਰੇ ਚਲੂਲ—ਚੁਹ-ਚੁਹ ਕਰਦੇ ਹਰੇ। ਊਚੈ ਥਲਿ—ਉੱਚੇ ਥਲ ਵਿਚ, ਅਹੰਕਾਰੇ ਹੋਏ ਮਨ ਵਿਚ। ਅਨੂਪ—ਸੁੰਦਰ, ਬੇ-ਮਿਸਾਲ। ਅਗਨਿ—ਅੱਗ, ਤ੍ਰਿਸ਼ਨਾ ਦੀ ਅੱਗ। ਨਿਵਾਰਿ—ਦੂਰ ਕਰ ਦਿੱਤੀ। ਸੇਵ—ਸੇਵਾ।3।

ਅਕਿਰਤਘਣ—{øqÆn} ਕੀਤੇ ਉਪਕਾਰ ਨੂੰ ਭੁਲਾਣ ਵਾਲਾ, ਨਾ-ਸ਼ੁਕਰਾ। ਉਧਾਰੁ—ਪਾਰ-ਉਤਾਰਾ। ਦਇਆਰੁ—ਦਇਆਲ। ਸਹਾਈ—ਮਦਦਗਾਰ। ਨਾਨਕ—ਹੇ ਨਾਨਕ!

ਅਰਥ:- ਹੇ ਮੇਰੇ ਪ੍ਰੀਤਮ ਪ੍ਰਭੂ! ਹੇ ਕਿਰਪਾ ਦੇ ਖ਼ਜ਼ਾਨੇ ਪ੍ਰਭੂ! ਤੇਰੇ ਅਨੇਕਾਂ ਗੁਣ ਹਨ, ਮੈਂ (ਸਾਰੇ) ਬਿਆਨ ਨਹੀਂ ਕਰ ਸਕਦਾ।1। ਰਹਾਉ।

(ਹੇ ਭਾਈ! ਦੁਨੀਆ ਦੇ ਧਨ-ਪਦਾਰਥ ਦੇ ਕਾਰਨ ਮਨੁੱਖ ਦਾ ਮਨ ਆਮ ਤੌਰ ਤੇ ਅਹੰਕਾਰ ਨਾਲ ਹਾਥੀ ਬਣਿਆ ਰਹਿੰਦਾ ਹੈ, ਪਰ) ਜਦੋਂ ਪਿਆਰਾ ਪ੍ਰਭੂ ਮਿਹਰ ਦੀ ਨਿਗਾਹ ਨਾਲ ਤੱਕਦਾ ਹੈ ਤਾਂ (ਪਹਿਲਾਂ ਅਹੰਕਾਰੀ) ਹਾਥੀ (ਮਨ) ਬੱਕਰੀ (ਵਾਲੇ ਗਰੀਬੀ ਸੁਭਾਉ) ਨੂੰ (ਆਪਣੇ ਅੰਦਰ) ਸੰਭਾਲਦਾ ਹੈ। (ਪ੍ਰਭੂ ਦੀ ਕਿਰਪਾ ਨਾਲ ਵਿਕਾਰਾਂ ਦੀ ਮਾਰ ਤੋਂ ਬਚ ਕੇ) ਸ਼ੇਰ (ਹੋਇਆ ਮਨ) ਗਿਆਨ-ਇੰਦ੍ਰਿਆਂ ਨੂੰ ਆਪਣੇ ਵੱਸ ਵਿਚ ਰੱਖਣ ਲੱਗ ਪੈਂਦਾ ਹੈ। (ਵਿਕਾਰਾਂ ਵਿਚ ਫਸਿਆ ਜੀਵ ਪਹਿਲਾਂ) ਕੌਡੀ (ਸਮਾਨ ਤੁੱਛ ਹਸਤੀ ਵਾਲਾ ਹੋ ਗਿਆ ਸੀ, ਹੁਣ ਉਸ) ਦਾ ਮੁੱਲ (ਮਾਨੋ) ਲੱਖਾਂ ਰੁਪਏ ਹੋ ਗਿਆ।1।

(ਹੇ ਭਾਈ! ਜਦੋਂ ਆਪਣਾ ਪ੍ਰਭੂ ਮਿਹਰ ਦੀ ਨਜ਼ਰ ਨਾਲ ਵੇਖਦਾ ਹੈ ਤਾਂ) ਬਿੱਲੀ ਦਿੱਸ ਰਿਹਾ ਮਾਸ ਨਹੀਂ ਖਾਂਦੀ (ਮਨ ਦੀ ਤ੍ਰਿਸ਼ਨਾ ਮੁੱਕ ਜਾਂਦੀ ਹੈ, ਮਨ ਮਾਇਕ ਪਦਾਰਥਾਂ ਵਲ ਨਹੀਂ ਤੱਕਦਾ)। ਪ੍ਰਭੂ (ਦੀ ਕਿਰਪਾ ਨਾਲ) ਵੱਡੇ ਕਸਾਈ (ਨਿਰਦਈ ਮਨ) ਨੇ ਆਪਣੇ ਹੱਥੋਂ ਛੁਰੀ ਸੁੱਟ ਦਿੱਤੀ (ਨਿਰਦਇਤਾ ਦਾ ਸੁਭਾਉ ਤਿਆਗ ਦਿੱਤਾ)। ਸਭ ਕੁਝ ਕਰ ਸਕਣ ਵਾਲਾ ਪ੍ਰਭੂ ਜਦੋਂ (ਆਪਣੀ ਕਿਰਪਾ ਨਾਲ ਜੀਵ ਦੇ) ਹਿਰਦੇ ਵਿਚ ਆ ਵੱਸਿਆ, ਤਦੋਂ (ਮਾਇਆ ਦੇ ਮੋਹ ਦੇ

ਜਾਲ ਵਿਚ) ਫਸੀ ਹੋਈ (ਜੀਵ-) ਮੱਛੀ ਦਾ (ਮਾਇਆ ਦੇ ਮੋਹ ਦਾ) ਜਾਲ ਟੁੱਟ ਗਿਆ।2।

(ਜਦੋਂ ਮਿਹਰ ਹੋਈ ਤਾਂ) ਸੁੱਕੇ ਹੋਏ ਕਾਠ ਚੁਹ-ਚੁਹ ਕਰਦੇ ਹਰੇ ਹੋ ਗਏ (ਮਨ ਦਾ ਰੁੱਖਾਪਨ ਦੂਰ ਹੋ ਕੇ ਜੀਵ ਦੇ ਅੰਦਰ ਦਇਆ ਪੈਦਾ ਹੋ ਗਈ), ਉੱਚੇ ਟਿੱਬੇ ਉੱਤੇ ਸੋਹਣੇ ਕੌਲ-ਫੁੱਲ ਖਿੜ ਪਏ (ਜਿਸ ਆਕੜੇ ਹੋਏ ਮਨ ਉਤੇ ਪਹਿਲਾਂ ਹਰਿ-ਨਾਮ ਦੀ ਵਰਖਾ ਦਾ ਕੋਈ ਅਸਰ ਨਹੀਂ ਸੀ ਹੁੰਦਾ, ਹੁਣ ਉਹ ਖਿੜ ਪਿਆ)। ਪਿਆਰੇ ਸਤਿਗੁਰੂ ਨੇ ਤ੍ਰਿਸ਼ਨਾ ਦੀ ਅੱਗ ਦੂਰ ਕਰ ਦਿੱਤੀ, ਸੇਵਕ ਨੂੰ ਆਪਣੀ ਸੇਵਾ ਵਿਚ ਜੋੜ ਲਿਆ।3।

ਹੇ ਭਾਈ! ਮੇਰਾ ਪ੍ਰਭੂ ਸਦਾ ਦਇਆ ਦਾ ਘਰ ਹੈ, ਉਹ ਨਾ-ਸ਼ੁਕਰਿਆਂ ਦਾ ਪਾਰ-ਉਤਾਰਾ ਕਰਦਾ ਹੈ। ਹੇ ਨਾਨਕ! (ਆਖ—) ਪ੍ਰਭੂ ਆਪਣੇ ਸੰਤਾਂ ਦਾ ਸਦਾ ਮਦਦਗਾਰ ਹੁੰਦਾ ਹੈ, ਸੰਤ ਜਨ ਸਦਾ ਉਸ ਦੇ ਸੋਹਣੇ ਚਰਨਾਂ ਦੀ ਸਰਨ ਪਏ ਰਹਿੰਦੇ ਹਨ।4। 39। 50।